## ੴ ਸਤਿਗੁਰ ਪ੍ਰਸਾਦਿ॥

## ਸਲੋਕ ਮਹਲਾ ੯॥

ਗੁਨ ਗੋਬਿੰਦ ਗਾਇਓ ਨਹੀ ਜਨਮੁ ਅਕਾਰਥ ਕੀਨੁ ॥ ਕਹੁ ਨਾਨਕ ਹਰਿ ਭਜੁ ਮਨਾ ਜਿਹ ਬਿਧਿ ਜਲ ਕਉ ਮੀਨੁ ॥੧॥ ਬਿਖਿਅਨ ਸਿਉ ਕਾਹੇ ਰਚਿਓ ਨਿਮਖ ਨ ਹੋਹਿ ਉਦਾਸੁ ॥ ਕਹੁ ਨਾਨਕ ਭਜੁ ਹਰਿ ਮਨਾ ਪਰੈ ਨ ਜਮ ਕੀ ਫਾਸ ॥੨॥ ਤਰਨਾਪੋ ਇਉ ਹੀ ਗਇਓ ਲੀਓ ਜਰਾ ਤਨੁ ਜੀਤਿ ॥ ਕਹੁ ਨਾਨਕ ਭਜੁ ਹਰਿ ਮਨਾ ਅਉਧ ਜਾਤੁ ਹੈ ਬੀਤਿ ॥੩॥ ਬਿਰਧਿ ਭਇਓ ਸੂਝੈ ਨਹੀ ਕਾਲੁ ਪਹੂਚਿਓ ਆਨਿ ॥ ਕਹੁ ਨਾਨਕ ਨਰ ਬਾਵਰੇ ਕਿਉ ਨ ਭਜੈ ਭਗਵਾਨੁ ॥੪॥ ਧਨੁ ਦਾਰਾ ਸੰਪਤਿ ਸਗਲ ਜਿਨਿ ਅਪੁਨੀ ਕਰਿ ਮਾਨਿ ॥ ਇਨ ਮੈ ਕਛੁ ਸੰਗੀ ਨਹੀ ਨਾਨਕ ਸਾਚੀ ਜਾਨਿ ॥੫॥ ਪਤਿਤ ਉਧਾਰਨ ਭੈ ਹਰਨ ਹਰਿ ਅਨਾਥ ਕੇ ਨਾਥ ॥ ਕਹੁ ਨਾਨਕ ਤਿਹ ਜਾਨੀਐ ਸਦਾ ਬਸਤੁ ਤੁਮ ਸਾਥਿ ॥੬॥ ਤਨੁ ਧਨੁ ਜਿਹ ਤੋ ਕਉ ਦੀਓ ਤਾਂ ਸਿਉ ਨੇਹੁ ਨ ਕੀਨ ॥ ਕਹੁ ਨਾਨਕ ਨਰ ਬਾਵਰੇ ਅਬ ਕਿਉ ਡੋਲਤ ਦੀਨ ॥੭॥ ਤਨੁ ਧਨੁ ਸੰਪੈ ਸੁਖ ਦੀਓ ਅਰੁ ਜਿਹ ਨੀਕੇ ਧਾਮ ॥ ਕਹੁ ਨਾਨਕ ਸੁਨੁ ਰੇ ਮਨਾ ਸਿਮਰਤ ਕਾਹਿ ਨ ਰਾਮੁ ॥੮॥ ਸਭ ਸੁਖ ਦਾਤਾ ਰਾਮੁ ਹੈ ਦੂਸਰ ਨਾਹਿ ਨ ਕੋਇ ॥ ਕਹੁ ਨਾਨਕ ਸੁਨਿ ਰੇ ਮਨਾ ਤਿਹ ਸਿਮਰਤ ਗਤਿ ਹੋਇ ॥੯॥ ਜਿਹ ਸਿਮਰਤ ਗਤਿ ਪਾਈਐ ਤਿਹ ਭਜੁ ਰੇ ਤੈ ਮੀਤ ॥ ਕਹੁ ਨਾਨਕ ਸੁਨੁ ਰੇ ਮਨਾ ਅਉਧ ਘਟਤ ਹੈ ਨੀਤ ॥੧੦॥ ਪਾਂਚ ਤਤ ਕੋ ਤਨੁ ਰਚਿਓ ਜਾਨਹੁ ਚਤੁਰ ਸੁਜਾਨ ॥ ਜਿਹ ਤੇ ਉਪਜਿਓ ਨਾਨਕਾ ਲੀਨ ਤਾਹਿ ਮੈ ਮਾਨੁ ॥੧੧॥ ਘਟ ਘਟ ਮੈ ਹਰਿ ਜੂ ਬਸੈ ਸੰਤਨ ਕਹਿਓ ਪੁਕਾਰਿ ॥ ਕਹੁ ਨਾਨਕ ਤਿਹ ਭਜੁ ਮਨਾ ਭਉ ਨਿਧਿ ਉਤਰਹਿ ਪਾਰਿ ॥੧੨॥ ਸੁਖੁ ਦੁਖੁ ਜਿਹ ਪਰਸੈ ਨਹੀ ਲੋਭੁ ਮੋਹੁ ਅਭਿਮਾਨੁ ॥ ਕਹੁ ਨਾਨਕ ਸੁਨੁ ਰੇ ਮਨਾ ਸੋ ਮੂਰਤਿ ਭਗਵਾਨ ॥੧੩॥ ਉਸਤਤਿ ਨਿੰਦਿਆ ਨਾਹਿ ਜਿਹਿ ਕੰਚਨ ਲੋਹ ਸਮਾਨਿ ॥ ਕਹੁ ਨਾਨਕ ਸੁਨਿ ਰੇ ਮਨਾ ਮੁਕਤਿ ਤਾਹਿ ਤੈ ਜਾਨਿ ॥੧੪॥ ਹਰਖੁ ਸੋਗੁ ਜਾ ਕੈ ਨਹੀ ਬੈਰੀ ਮੀਤ ਸਮਾਨਿ ॥ ਕਹੁ ਨਾਨਕ ਸੁਨਿ ਰੇ ਮਨਾ ਮੁਕਤਿ ਤਾਹਿ ਤੈ ਜਾਨਿ ॥ ਭੈ ਕਾਹੂ ਕਉ ਦੇਤ ਨਹਿ ਨਹਿ ਭੈ ਮਾਨਤ ਆਨ ॥ ਕਹੁ ਨਾਨਕ ਸੁਨਿ ਰੇ ਮਨਾ ਗਿਆਨੀ ਤਾਹਿ ਬਖਾਨਿ ॥੧੬॥ ਜਿਹਿ ਬਿਖਿਆ ਸਗਲੀ ਤਜੀ ਲੀਓ ਭੇਖ ਬੈਰਾਗ ॥ ਕਹੁ ਨਾਨਕ ਸੁਨੁ ਰੇ ਮਨਾ ਤਿਹ ਨਰ ਮਾਥੈ ਭਾਗੁ ॥੧੭॥ ਜਿਹਿ ਮਾਇਆ ਮਮਤਾ ਤਜੀ ਸਭ ਤੇ ਭਇਓ ਉਦਾਸੁ ॥ ਕਹੁ ਨਾਨਕ ਸੁਨੁ ਰੇ ਮਨਾ ਤਿਹ ਘਟਿ ਬ੍ਰਹਮ ਨਿਵਾਸੁ ॥੧੮॥ ਜਿਹਿ ਪ੍ਰਾਨੀ ਹਉਮੈ ਤਜੀ ਕਰਤਾ ਰਾਮੁ ਪਛਾਨਿ ॥ ਕਹੁ ਨਾਨਕ ਵਹੁ ਮੁਕਤਿ ਨਰੁ ਇਹ ਮਨ ਸਾਚੀ ਮਾਨੁ ॥੧੯॥ ਭੈ ਨਾਸਨ ਦੁਰਮਤਿ ਹਰਨ ਕਲਿ ਮੈ ਹਰਿ ਕੋ ਨਾਮੁ ॥ ਨਿਸਿ ਦਿਨੁ ਜੋ ਨਾਨਕ ਭਜੈ ਸਫਲ ਹੋਹਿ ਤਿਹ ਕਾਮ ॥੨੦॥ ਜਿਹਬਾ ਗੁਨ ਗੋਬਿੰਦ ਭਜਹੁ ਕਰਨ ਸੁਨਹੁ ਹਰਿ ਨਾਮੁ ॥ ਕਹੁ ਨਾਨਕ ਸੁਨਿ ਰੇ ਮਨਾ ਪਰਹਿ ਨ ਜਮ ਕੈ ਧਾਮ ॥੨੧॥ ਜੋ ਪ੍ਰਾਨੀ ਮਮਤਾ ਤਜੈ ਲੋਭ ਮੋਹ ਅਹੰਕਾਰ ॥ ਕਹੁ ਨਾਨਕ ਆਪਨ ਤਰੈ ਅਉਰਨ ਲੇਤ ਉਧਾਰ ॥੨੨॥ ਜਿਉ ਸੁਪਨਾ ਅਰੁ ਪੇਖਨਾ ਐਸੇ ਜਗ ਕਉ ਜਾਨਿ ॥ ਇਨ ਮੈ ਕਛੁ ਸਾਚੋ ਨਹੀ ਨਾਨਕ ਬਿਨੁ ਭਗਵਾਨ ॥੨੩॥ ਨਿਸਿ ਦਿਨੁ ਮਾਇਆ ਕਾਰਨੇ ਪ੍ਰਾਨੀ ਡੋਲਤ ਨੀਤ ॥ ਕੋਟਨ ਮੈ ਨਾਨਕ ਕੋਊ ਨਾਰਾਇਨੁ ਜਿਹ ਚੀਤਿ ॥੨੪॥ ਜੈਸੇ ਜਲ ਤੇ ਬੁਦਬੁਦਾ ਉਪਜੈ ਬਿਨਸੈ ਨੀਤ ॥ ਜਗ ਰਚਨਾ ਤੈਸੇ ਰਚੀ ਕਹੁ ਨਾਨਕ ਸੁਨਿ ਮੀਤ ॥੨੫॥ ਪ੍ਰਾਨੀ ਕਛੂ ਨ ਚੇਤਈ ਮਦਿ ਮਾਇਆ ਕੈ ਅੰਧੁ ॥ ਕਹੁ ਨਾਨਕ ਬਿਨੁ ਹਰਿ ਭਜਨ ਪਰਤ ਤਾਹਿ ਜਮ ਫੰਧ ॥੨੬॥ ਜਉ ਸੁਖ ਕਉ ਚਾਹੈ ਸਦਾ ਸਰਨਿ ਰਾਮ ਕੀ ਲੇਹ ॥ ਕਹੁ ਨਾਨਕ ਸੁਨਿ ਰੇ ਮਨਾ ਦੁਰਲਭ ਮਾਨੁਖ ਦੇਹ ॥੨੭॥ ਮਾਇਆ ਕਾਰਨਿ ਧਾਵਹੀ ਮੂਰਖ ਲੋਗ ਅਜਾਨ ॥ ਕਹੁ ਨਾਨਕ ਬਿਨੁ ਹਰਿ ਭਜਨ ਬਿਰਥਾ ਜਨਮੁ ਸਿਰਾਨ ॥੨੮॥ ਜੋ ਪ੍ਰਾਨੀ ਨਿਸਿ ਦਿਨੁ ਭਜੈ ਰੂਪ ਰਾਮ ਤਿਹ ਜਾਨੁ ॥ ਹਰਿ ਜਨ ਹਰਿ ਅੰਤਰੁ ਨਹੀ ਨਾਨਕ ਸਾਚੀ ਮਾਨੁ ॥੨੯॥

ਮਨੁ ਮਾਇਆ ਮੈ ਫਧਿ ਰਹਿਓ ਬਿਸਰਿਓ ਗੋਬਿੰਦ ਨਾਮੁ।। ਕਹੁ ਨਾਨਕ ਬਿਨੁ ਹਰਿ ਭਜਨ ਜੀਵਨ ਕਉਨੇ ਕਾਮ ।।੩੦।। ਪ੍ਰਾਨੀ ਰਾਮੁ ਨ ਚੇਤਈ ਮਦਿ ਮਾਇਆ ਕੈ ਅੰਧੁ ।। ਕਹੁ ਨਾਨਕ ਹਰਿ ਭਜਨ ਬਿਨੁ ਪਰਤ ਤਾਹਿ ਜਮ ਫੰਧ ।।੩੧।। ਸੁਖ ਮੈ ਬਹੁ ਸੰਗੀ ਭਏ ਦੁਖ ਮੈ ਸੰਗਿ ਨ ਕੋਇ ।। ਕਹੁ ਨਾਨਕ ਹਰਿ ਭਜੁ ਮਨਾ ਅੰਤਿ ਸਹਾਈ ਹੋਇ ।।੩੨।। ਜਨਮ ਜਨਮ ਭਰਮਤ ਫਿਰਿਓ ਮਿਟਿਓ ਨ ਜਮ ਕੋ ਤ੍ਰਾਸੁ ।। ਕਹੁ ਨਾਨਕ ਹਰਿ ਭਜੁ ਮਨਾ ਨਿਰਭੈ ਪਾਵਹਿ ਬਾਸੁ ।।੩੩।। ਜਤਨ ਬਹੁਤੁ ਮੈ ਕਰਿ ਰਹਿਓ ਮਿਟਿਓ ਨ ਮਨ ਕੋ ਮਾਨੁ ।। ਦੁਰਮਤਿ ਸਿਉ ਨਾਨਕ ਫਧਿਓ ਰਾਖਿ ਲੇਹੁ ਭਗਵਾਨ ।।੩੪।। ਬਾਲ ਜੁਆਨੀ ਅਰੁ ਬਿਰਧਿ ਫੁਨਿ ਤੀਨਿ ਅਵਸਥਾ ਜਾਨਿ ।। ਕਹੁ ਨਾਨਕ ਹਰਿ ਭਜਨ ਬਿਨੁ ਬਿਰਥਾ ਸਭ ਹੀ ਮਾਨੁ ।।੩੫।। ਕਰਣੋ ਹੁਤੋ ਸੁ ਨਾ ਕੀਓ ਪਰਿਓ ਲੋਭ ਕੈ ਫੰਧ ।। ਨਾਨਕ ਸਮਿਓ ਰਮਿ ਗਇਓ ਅਬ ਕਿਉ ਰੋਵਤ ਅੰਧ ।।੩੬।। ਮਨੁ ਮਾਇਆ ਮੈ ਰਮਿ ਰਹਿਓ ਨਿਕਸਤ ਨਾਹਿ ਨ ਮੀਤ ।। ਨਾਨਕ ਮੂਰਤਿ ਚਿਤ੍ਰ ਜਿਉ ਛਾਡਤਿ ਨਾਹਿ ਨ ਭੀਤਿ ।।੩੭।। ਨਰ ਚਾਹਤ ਕਛੁ ਅਉਰ ਅਉਰੈ ਕੀ ਅਉਰੈ ਭਈ ।। ਚਿਤਵਤ ਰਹਿਓ ਠਗਉਰ ਨਾਨਕ ਫਾਸੀ ਗਲਿ ਪਰੀ ।।੩੮।। ਜਤਨ ਬਹੁਤ ਸੁਖ ਕੇ ਕੀਏ ਦੁਖ ਕੋ ਕੀਓ ਨ ਕੋਇ ।। ਕਹੁ ਨਾਨਕ ਸੁਨਿ ਰੇ ਮਨਾ ਹਰਿ ਭਾਵੈ ਸੋ ਹੋਇ ।।੩੯।। ਜਗਤੁ ਭਿਖਾਰੀ ਫਿਰਤੁ ਹੈ ਸਭ ਕੋ ਦਾਤਾ ਰਾਮੁ ।। ਕਹੁ ਨਾਨਕ ਮਨ ਸਿਮਰੁ ਤਿਹ ਪੂਰਨ ਹੋਵਹਿ ਕਾਮ ।।੪੦।। ਝੂਠੈ ਮਾਨੁ ਕਹਾ ਕਰੈ ਜਗੁ ਸੁਪਨੇ ਜਿਉ ਜਾਨੁ ।। ਇਨ ਮੈ ਕਛੁ ਤੇਰੋ ਨਹੀ ਨਾਨਕ ਕਹਿਓ ਬਖਾਨਿ ।।੪੧।। ਗਰਬੁ ਕਰਤੁ ਹੈ ਦੇਹ ਕੋ ਬਿਨਸੈ ਛਿਨ ਮੈ ਮੀਤ ।। ਜਿਹਿ ਪ੍ਰਾਨੀ ਹਰਿ ਜਸੁ ਕਹਿਓ ਨਾਨਕ ਤਿਹਿ ਜਗੁ ਜੀਤਿ ।।੪੨।। ਜਿਹ ਘਟਿ ਸਿਮਰਨੁ ਰਾਮ ਕੋ ਸੋ ਨਰੁ ਮੁਕਤਾ ਜਾਨੁ ।। ਤਿਹਿ ਨਰ ਹਰਿ ਅੰਤਰੁ ਨਹੀ ਨਾਨਕ ਸਾਚੀ ਮਾਨੁ ।।੪੩।। ਏਕ ਭਗਤਿ ਭਗਵਾਨ ਜਿਹ ਪ੍ਰਾਨੀ ਕੈ ਨਾਹਿ ਮਨਿ ।। ਜੈਸੇ ਸੂਕਰ ਸੁਆਨ ਨਾਨਕ ਮਾਨੋ ਤਾਹਿ ਤਨੁ ।।੪੪।। ਸੁਆਮੀ ਕੋ ਗ੍ਰਿਹੁ ਜਿਉ ਸਦਾ ਸੁਆਨ ਤਜਤ ਨਹੀ ਨਿਤ ।। ਨਾਨਕ ਇਹ ਬਿਧਿ ਹਰਿ ਭਜਉ ਇਕ ਮਨਿ ਹੁਇ ਇਕ ਚਿਤਿ ।।੪੫।। ਤੀਰਥ ਬਰਤ ਅਰੁ ਦਾਨ ਕਰਿ ਮਨ ਮੈ ਧਰੈ ਗੁਮਾਨੁ ।। ਨਾਨਕ ਨਿਹਫਲ ਜਾਤ ਤਿਹ ਜਿਉ ਕੁੰਚਰ ਇਸਨਾਨੁ ।।੪੬।। ਸਿਰੁ ਕੰਪਿਓ ਪਗ ਡਗਮਗੇ ਨੈਨ ਜੋਤਿ ਤੇ ਹੀਨ ।। ਕਹੁ ਨਾਨਕ ਇਹ ਬਿਧਿ ਭਈ ਤਊ ਨ ਹਰਿ ਰਸਿ ਲੀਨ ।।੪੭।। ਨਿਜ ਕਰਿ ਦੇਖਿਓ ਜਗਤੁ ਮੈ ਕੋ ਕਾਹੂ ਕੋ ਨਾਹਿ ।। ਨਾਨਕ ਥਿਰੁ ਹਰਿ ਭਗਤਿ ਹੈ ਤਿਹ ਰਾਖੋ ਮਨ ਮਾਹਿ ।।੪੮।। ਜਗ ਰਚਨਾ ਸਭ ਝੂਠ ਹੈ ਜਾਨਿ ਲੇਹੁ ਰੇ ਮੀਤ ।। ਕਹਿ ਨਾਨਕ ਥਿਰੁ ਨਾ ਰਹੈ ਜਿਉ ਬਾਲੂ ਕੀ ਭੀਤਿ ।।੪੯।। ਰਾਮੁ ਗਇਓ ਰਾਵਨੁ ਗਇਓ ਜਾ ਕਉ ਬਹੁ ਪਰਵਾਰੁ ।। ਕਹੁ ਨਾਨਕ ਥਿਰੁ ਕਛੁ ਨਹੀ ਸੁਪਨੇ ਜਿਉ ਸੰਸਾਰੁ ।।੫੦।। ਚਿੰਤਾ ਤਾ ਕੀ ਕੀਜੀਐ ਜੋ ਅਨਹੋਨੀ ਹੋਇ ।। ਇਹੁ ਮਾਰਗੁ ਸੰਸਾਰ ਕੋ ਨਾਨਕ ਥਿਰੁ ਨਹੀ ਕੋਇ ।।੫੧।। ਜੋ ਉਪਜਿਓ ਸੋ ਬਿਨਸਿ ਹੈ ਪਰੋ ਆਜੁ ਕੈ ਕਾਲਿ ।। ਨਾਨਕ ਹਰਿ ਗੁਨ ਗਾਇ ਲੇ ਛਾਡਿ ਸਗਲ ਜੰਜਾਲ ।।੫੨।। **ਦੋਹਰਾ**।। ਬਲੁ ਛੁਟਕਿਓ ਬੰਧਨ ਪਰੇ ਕਛੂ ਨ ਹੋਤ ਉਪਾਇ ।। ਕਹੁ ਨਾਨਕ ਅਬ ਓਟ ਹਰਿ ਗਜ ਜਿਉ ਹੋਹੁ ਸਹਾਇ ।।੫੩।। ਬਲੁ ਹੋਆ ਬੰਧਨ ਛੁਟੇ ਸਭ ਕਿਛੁ ਹੋਤ ਉਪਾਇ ।। ਨਾਨਕ ਸਭੁ ਕਿਛੁ ਤੁਮਰੈ ਹਾਥ ਮੈ ਤੁਮ ਹੀ ਹੋਤ ਸਹਾਇ ।।੫੪।। ਸੰਗ ਸਖਾ ਸਭਿ ਤਜਿ ਗਏ ਕੋਊ ਨ ਨਿਬਹਿਓ ਸਾਥਿ ।। ਕਹੁ ਨਾਨਕ ਇਹ ਬਿਪਤਿ ਮੈ ਟੇਕ ਏਕ ਰਘੁਨਾਥ ।।੫੫।। ਨਾਮੁ ਰਹਿਓ ਸਾਧੂ ਰਹਿਓ ਰਹਿਓ ਗੁਰੁ ਗੋਬਿੰਦੁ ।। ਕਹੁ ਨਾਨਕ ਇਹ ਜਗਤ ਮੈ ਕਿਨ ਜਪਿਓ ਗੁਰਮੰਤੁ ।।੫੬।। ਰਾਮ ਨਾਮੁ ਉਰ ਮੈ ਗਹਿਓ ਜਾ ਕੈ ਸਮ ਨਹੀ ਕੋਇ ।। ਜਿਹ ਸਿਮਰਤ ਸੰਕਟ ਮਿਟੈ ਦਰਸੁ ਤੁਹਾਰੋ ਹੋਇ ।।੫੭।।੧।।

ooooo(((((-----)))))ooooo